27 Nov PTA 5,6,7,8.qxd 11/28/2025 12:08 AM Page 3

ਪੀ. ਐੱਮ. ਏ. ਵਾਈ. ਤਹਿਤ ਘਰ ਬਣਾਉਣ ਲਈ ਲਾਭਪਾਤਰੀਆਂ ਨੂੰ 2.50 ਲੱਖ ਰੁਪਏ ਦੀ ਸਹਾਇਤਾ

ਪਟਿਆਲਾ, 27 ਨਵੰਬਰ (ਅ. ਸ. ਆਹਲੂਵਾਲੀਆ)-ਨਗਰ ਨਿਗਮ ਪਟਿਆਲਾ ਵਲੋਂ ਪ੍ਰਧਾਨ ਮੰਤਰੀ ਆਵਾਸ ਯੋਜਨਾ 2.0 ਦੇ ਤਹਿਤ ਸ਼ਹਿਰ ਦੇ ਕੱਚੇ ਮਕਾਨਾਂ ਨੂੰ ਪੱਕਾ ਕਰਨ ਅਤੇ ਖਾਲੀ ਪਲਾਟਾਂ 'ਤੇ ਨਵਾਂ ਘਰ ਬਣਾਉਣ ਲਈ ਲਾਭਪਾਤਰੀਆਂ ਨੂੰ ਵੱਡੀ ਸਹੂਲਤ ਦਿੱਤੀ ਗਈ ਹੈ। ਮੇਅਰ ਨਗਰ ਨਿਗਮ ਪਟਿਆਲਾ ਵਲੋਂ ਕਈ ਬਿਨੈਕਾਰਾਂ ਨੂੰ ਸਰਕਾਰ ਵਲੋਂ ਪਾਸ ਕੀਤੇ ਕੇਸਾਂ ਦੇ ਮਨਜ਼ੂਰੀ ਪੱਤਰ ਜਾਰੀ ਕੀਤੇ ਗਏ, ਜਿਸ ਨਾਲ ਹੁਣ ਇਹ ਲਾਭਪਾਤਰੀ 2,50,000 ਰੁਪਏ ਦੀ ਵਿੱਤੀ ਸਹਾਇਤਾ ਰਾਸ਼ੀ ਲਈ ਯੋਗ ਹੋ ਗਏ ਹਨ। ਇਸ ਮੌਕੇ ਉਨ੍ਹਾਂ ਨਾਲ ਨਿਗਮ ਕਮਿਸ਼ਨਰ ਪਰਮਜੀਤ ਸਿੰਘ ਤੇ ਕਈ ਕੌਂਸਲਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਮੇਅਰ ਨੇ ਦੱਸਿਆ ਕਿ ਇਹ ਯੋਜਨਾ ਕੱਚੇ ਘਰਾਂ ਵਾਲੇ ਗਰੀਬ ਅਤੇ ਸਾਧਾਰਨ ਪਰਿਵਾਰਾਂ ਲਈ ਵੱਡੀ ਰਾਹਤ ਹੈ। ਨਗਰ ਨਿਗਮ ਪਟਿਆਲਾ ਵਲੋਂ ਬਿਨੈਕਾਰਾਂ ਦੇ ਕੇਸਾਂ ਨੂੰ ਤੇਜ਼ ਕਾਰਵਾਈ ਨਾਲ ਸਰਕਾਰ ਤੱਕ ਭੇਜਿਆ ਗਿਆ ਸੀ ਅਤੇ ਹੁਣ ਉਨ੍ਹਾਂ ਦੀ ਮਨਜ਼ੂਰੀ ਮਿਲਣ ਤੋਂ ਬਾਅਦ ਲਾਭਪਾਤਰੀ ਆਪਣੇ ਘਰ ਦੀ ਉਸਾਰੀ ਨਿਰਧਾਰਿਤ ਪ੍ਰਕਿਰਿਆ ਅਨੁਸਾਰ ਕਰ ਸਕਣਗੇ। ਹਰ ਸਟੇਜ ਦੀ ਉਸਾਰੀ ਪੂਰੀ ਹੋਣ 'ਤੇ ਬਿਨੈਕਾਰ ਦੀ ਫਾਈਲ ਬਿਲਡਿੰਗ ਬਰਾਂਚ ਦੁਆਰਾ ਤਸਦੀਕ ਕੀਤੀ ਜਾਂਦੀ ਹੈ। ਇਸ ਦੀ ਰਿਪੋਰਟ ਅੱਪਲੋਡ ਹੋਣ ਦੇ ਤੁਰੰਤ ਬਾਅਦ ਹੀ ਸਹਾਇਤਾ ਰਕਮ ਲਾਭਪਾਤਰੀ ਦੇ ਖਾਤੇ 'ਚ ਭੇਜ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਨਗਰ ਨਿਗਮ ਵਲੋਂ ਪੂਰੀ ਪ੍ਰਕਿਰਿਆ ਨੂੰ ਪਾਰਦਰਸ਼ੀ, ਤੇਜ਼ ਅਤੇ ਸਹੂਲਤਮੰਦ ਬਣਾਇਆ ਗਿਆ ਹੈ, ਤਾਂ ਜੋ ਗਰੀਬ ਪਰਿਵਾਰ ਬਿਨਾ ਕਿਸੇ ਰੁਕਾਵਟ ਦੇ ਆਪਣੇ ਸੁਪਨੇ ਦਾ ਪੱਕਾ ਘਰ ਤਿਆਰ ਕਰ ਸਕਣ। ਆਵਾਸ ਯੋਜਨਾ ਤਹਿਤ ਗਰੀਬ ਪਰਿਵਾਰਾਂ ਨੂੰ ਪੱਕੀ ਛੱਤ ਮੁਹੱਈਆ ਕਰਵਾਉਣਾ ਨਗਰ ਨਿਗਮ ਦੀ ਪਹਿਲੀ ਤਰਜੀਹ ਹੈ। ਅਸੀਂ ਹਰ ਬਿਨੈਕਾਰ ਦੀ ਫਾਈਲ ਨੂੰ ਤੇਜ਼ੀ ਨਾਲ ਨਿਪਟਾ ਰਹੇ ਹਾਂ ਤਾਂ ਜੋ ਉਹ ਆਪਣੇ ਸੁਪਨੇ ਦਾ ਘਰ ਜਲਦੀ ਬਣਾ ਸਕਣ। ਪਟਿਆਲਾ ਵਿੱਚ ਚੱਲ ਰਹੇ ਗਰੀਬ ਪਰਿਵਾਰਾਂ ਨਾਲ ਸੰਬੰਧਿਤ ਘਰਾਂ ਦੇ ਕੇਸਾਂ ਨੂੰ ਪਹਿਲ ਤਰਜੀਹ 'ਤੇ ਨਿਪਟਾਇਆ ਜਾ ਰਿਹਾ ਹੈ ਅਤੇ ਆਉਣ ਵਾਲੇ ਦਿਨਾਂ 'ਚ ਹੋਰ ਲਾਭਪਾਤਰੀਆਂ ਨੂੰ ਵੀ ਇਹ ਸਹਾਇਤਾ ਜਾਰੀ ਕੀਤੀ ਜਾ ਸਕੇ। ਮੇਅਰ ਕੁੰਦਨ ਗੋਗੀਆ ਮੁਤਾਬਿਕ ਨੀਂਹ (ਡੀ.ਪੀ.ਸੀ.) ਪੂਰਾ ਕਰਨ ਉਪਰੰਤ 50,000 ਰੁਪਏ, ਲਿੰਟਲ ਲੈਵਲ ਪੂਰਾ ਹੋਣ ਉਪਰੰਤ 1,00,000 ਰੁਪਏ, ਛੱਤ ਦੇ ਪੱਧਰ 'ਤੇ 50,000 ਰੁਪਏ, ਸਕੀਮ ਦੇ ਲੋਗੋ ਵਾਲੇ ਘਰ ਦੀ ਪੂਰੀ ਤਿਆਰੀ ਉਪਰੰਤ 50,000 ਰੁਪਏ, ਇਸ ਤਰ੍ਹਾਂ ਕੁੱਲ 2,50,000 ਰੁਪਏ ਦੀ ਰਾਸ਼ੀ ਸਿੱਧੀ ਲਾਭਪਾਤਰੀ ਦੇ ਬੈਂਕ ਖਾਤੇ 'ਚ ਟਰਾਂਸਫ਼ਰ ਕੀਤੀ ਜਾਂਦੀ ਹੈ।

ਮੇਅਰ ਨਗਰ ਨਿਗਮ ਪਟਿਆਲਾ ਲਾਭਪਾਤਰੀਆਂ ਨੂੰ ਮਨਜ਼ੂਰੀ ਪੱਤਰ ਜਾਰੀ ਕਰਦੇ ਹੋਏ। ਅਜੀਤ ਤਸਵੀਰ

45ਵੀਆਂ ਅੰਤਰ ਜ਼ਿਲ੍ਹਾ ਪ੍ਰਾਇਮਰੀ ਸਕੂਲ ਖੇਡਾਂ ਦਾ ਆਗਾਜ਼

ਪਹਿਲੇ ਦਿਨ ਬੈਡਮਿੰਟਨ ਦੇ ਹੋਏ ਫਸਵੇਂ ਮੁਕਾਬਲੇ

ਪਟਿਆਲਾ, 27 ਨਵੰਬਰ (ਧਰਮਿੰਦਰ ਸਿੰਘ ਸਿੱਧੂ)-ਸਕੂਲੀ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਦੀਆਂ ਹਦਾਇਤਾਂ ਮੁਤਾਬਿਕ ਪਟਿਆਲਾ ਦੇ ਰਾਜਾ ਭਲਿੰਦਰ ਸਿੰਘ ਸਪੋਰਟਸ ਕੰਪਲੈਕਸ ਪੋਲੋ ਗ੍ਰਾਊਂਡ ਵਿਖੇ 45ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਦਾ ਸ਼ਾਨਦਾਰ ਆਗਾਜ਼ ਹੋਇਆ। ਇਨ੍ਹਾਂ ਚਾਰ ਦਿਨਾ ਖੇਡਾਂ ਦਾ ਉਦਘਾਟਨ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ. ਸਿੱ.) ਪਟਿਆਲਾ ਸ਼ਾਲੂ ਮਹਿਰਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ. ਸਿੱ.) ਮਨਵਿੰਦਰ ਕੌਰ ਭੁੱਲਰ ਵਲੋਂ ਅਸਮਾਨ ਵਿਚ ਗੁਬਾਰੇ ਛੱਡ ਕੇ ਕੀਤਾ ਗਿਆ।

ਇਸ ਉਪਰੰਤ ਖਿਡਾਰੀਆਂ ਅਤੇ ਅਧਿਆਪਕਾਂ ਨੂੰ ਖੇਡਾਂ ਨਿਰਪੱਖ ਅਤੇ ਇਮਾਨਦਾਰੀ ਨਾਲ ਕਰਵਾਉਣ ਦੀ ਸਹੁੰ ਚੁਕਵਾਈ ਗਈ। ਇਸ ਮਗਰੋਂ ਖਿਡਾਰੀਆਂ ਤੇ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਸਿੱਖਿਆ ਅਫਸਰ (ਐਲੀ. ਸਿੱ.) ਪਟਿਆਲਾ ਸ਼ਾਲੂ ਮਹਿਰਾ ਨੇ ਕਿਹਾ ਕਿ ਖੇਡਾਂ ਦਾ ਵਿਦਿਆਰਥੀ ਜੀਵਨ ਵਿੱਚ ਵਿਸ਼ੇਸ਼ ਮਹੱਤਵ ਹੈ। ਖੇਡਾਂ ਵਿਦਿਆਰਥੀ ਦਾ ਸਰਬਪੱਖੀ ਵਿਕਾਸ ਕਰਨ ਵਿਚ ਸਹਾਈ ਸਿੱਧ ਹੁੰਦੀਆਂ ਹਨ। ਉਨ੍ਹਾਂ ਆਖਿਆ ਕਿ ਖੇਡਾਂ ਵਿੱਚ ਭਾਗ ਲੈਣ ਨਾਲ ਵਿਦਿਆਰਥੀ ਅੰਦਰ ਮਿਲਵਰਤਨ ਅਤੇ ਸਹਿਣਸ਼ੀਲਤਾ ਦੀ ਭਾਵਨਾ ਪੈਦਾ ਹੁੰਦੀ ਹੈ। ਉਨ੍ਹਾਂ ਅੱਗੇ ਦੱਸਿਆ ਕਿ 30 ਨਵੰਬਰ ਤੱਕ ਚੱਲਣ ਵਾਲੀਆਂ ਇਨ੍ਹਾਂ ਖੇਡਾਂ ਦੇ ਸਮੁੱਚੇ ਪ੍ਰਬੰਧ ਕੀਤੇ ਗਏ ਹਨ। ਪਹਿਲੇ ਦਿਨ ਬੈਡਮਿੰਟਨ ਦੇ ਕੁੱਲ 14 ਫਸਵੇਂ ਮੁਕਾਬਲੇ ਬਲਾਕ ਸਪੋਰਟਸ ਅਫ਼ਸਰ ਪਟਿਆਲਾ-2 ਆਦਰਸ਼ ਬਾਂਸਲ, ਬਲਾਕ ਸਪੋਰਟਸ ਅਫ਼ਸਰ ਪਟਿਆਲਾ-3 ਪੂਨਮ, ਬਲਾਕ ਸਪੋਰਟਸ ਅਫ਼ਸਰ ਭਾਦਸੋਂ-1 ਰਵਿੰਦਰ ਕੌਰ ਅਤੇ ਆਫੀਸ਼ੀਅਲ ਬੈਡਮਿੰਟਨ ਰੋਹਿਤ ਕੌਸ਼ਲ ਦੀ ਨਿਗਰਾਨੀ ਹੇਠ ਹੋਏ। ਜਿਸ ਵਿਚ ਕੁੜੀਆਂ ਦੇ ਮੈਚ ਦੌਰਾਨ ਬਰਨਾਲਾ ਨੇ ਐਸਏਐਸ ਨਗਰ, ਪਠਾਨਕੋਟ ਨੇ ਫਰੀਦਕੋਟ, ਫਿਰੋਜ਼ਪੁਰ ਨੇ ਕਪੂਰਥਲਾ, ਮੁਕਤਸਰ ਨੇ ਜਲੰਧਰ ਅਤੇ ਤਰਨਤਾਰਨ ਨੇ ਸ਼੍ਰੀ ਫਤਿਹਗੜ੍ਹ ਸਾਹਿਬ ਦੀ ਟੀਮ ਨੂੰ ਹਰਾਇਆ। ਇਸ ਦੇ ਨਾਲ ਹੀ ਮੁੰਡਿਆਂ ਦੇ ਮੈਚ ਦੌਰਾਨ ਫਰੀਦਕੋਟ ਨੇ ਨਵਾਂ ਸ਼ਹਿਰ, ਜਲੰਧਰ ਨੇ ਮੋਗਾ ਅਤੇ ਬਠਿੰਡਾ ਦੀ ਟੀਮ ਨੇ ਬਰਨਾਲਾ ਦੀ ਟੀਮ ਨੂੰ ਹਰਾਇਆ। ਇਸ ਮੌਕੇ ਬਲਾਕ ਭਾਦਸੋਂ-2 ਦੇ ਬੀ.ਪੀ.ਈ.ਓ. ਜਗਜੀਤ ਸਿੰਘ ਨੌਹਰਾ, ਬਲਾਕ ਡਾਹਰੀਆਂ ਦੇ ਬੀ.ਪੀ.ਈ.ਓ. ਸੁਰਜੀਤ ਸਿੰਘ, ਬਲਾਕ ਸਮਾਣਾ-1 ਪ੍ਰੇਮ ਕੁਮਾਰ, ਬਲਾਕ ਰਾਜਪੁਰਾ-1 ਦੇ ਬੀਪੀਈਓ ਹਰਬੰਸ ਸਿੰਘ, ਬਲਾਕ ਸਮਾਣਾ-3 ਦੇ ਬੀ.ਪੀ.ਈ.ਓ. ਗੁਰਪ੍ਰੀਤ ਸਿੰਘ, ਬਲਾਕ ਸਮਾਣਾ-2 ਦੇ ਬੀ.ਪੀ.ਈ.ਓ. ਗੋਪਾਲ ਕ੍ਰਿਸ਼ਨ, ਬਲਾਕ ਭਾਦਸੋਂ-1 ਦੇ ਬੀਪੀਈਓ ਅਖਤਰ ਸਲੀਮ, ਬਲਾਕ ਰਾਜਪੁਰਾ-2 ਦੇ ਬੀਪੀਈਓ ਮਨਜੀਤ ਕੌਰ, ਬਲਾਕ ਭੁਨਰਹੇੜੀ-1 ਦੇ ਬੀ. ਪੀ. ਈ. ਓ. ਬਲਵੀਰ ਕੌਰ, ਬਲਾਕ ਬਾਬਰਪੁਰ ਦੇ ਬੀ.ਪੀ.ਈ.ਓ. ਮੇਜਰ ਸਿੰਘ, ਬਲਾਕ ਪਟਿਆਲਾ-1 ਦੇ ਬੀ.ਪੀ.ਈ.ਓ. ਭਰਤ ਭੂਸ਼ਣ ਸਮੇਤ ਵੱਖ-ਵੱਖ ਕਮੇਟੀਆਂ ਦੇ ਨੁਮਾਇੰਦੇ ਹਾਜ਼ਰ ਸਨ।

ਆਸਮਾਨ 'ਚ ਗੁਬਾਰੇ ਛੱਡ ਕੇ ਖੇਡਾਂ ਦੀ ਸ਼ੁਰੂਆਤ ਕਰਦੇ ਹੋਏ ਜ਼ਿਲਾ ਸਿੱਖਿਆ ਅਫ਼ਸਰ (ਐਲੀ. ਸਿੱ.) ਸ਼ਾਲੂ ਮਹਿਰਾ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਮਨਵਿੰਦਰ ਕੌਰ ਭੁੱਲਰ ਤੇ ਹੋਰ।

ਜਗਮੀਤ ਸਿੰਘ ਹਰਿਆਊ ਦਾ ਸਨਮਾਨ ਕਰਦੇ ਹੋਏ ਅਕਾਲੀ ਦਲ ਦੇ ਆਗੂ ਤੇ ਵਰਕਰ। ਤਸਵੀਰ : ਜਗਦੀਸ਼ ਸਿੰਘ ਕੰਬੋਜ

ਹਲਕਾ ਸ਼ੁਤਰਾਣਾ ਦੇ ਲੋਕਾਂ ਵਲੋਂ ਹਰਿਆਊ ਦੇ ਹਲਕਾ ਇੰਚਾਰਜ ਬਣਨ ਦਾ ਸਵਾਗਤ

ਪਾਤੜਾਂ, 27 ਨਵੰਬਰ (ਜਗਦੀਸ਼ ਸਿੰਘ ਕੰਬੋਜ)-ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ ਨੂੰ ਸਮਾਣਾ ਹਲਕੇ ਦਾ ਇੰਚਾਰਜ ਲਗਾਏ ਜਾਣ ਮਗਰੋਂ ਹਲਕਾ ਸ਼ੁਤਰਾਣਾ ਦੇ ਵੱਡੀ ਗਿਣਤੀ ਲੋਕਾਂ ਨੇ ਹਰਿਆਊ ਦੇ ਗ੍ਰਹਿ ਵਿਖੇ ਪੁੱਜ ਕੇ ਉਨ੍ਹਾਂ ਨੂੰ ਜਿੱਥੇ ਵਧਾਈਆਂ ਦਿੱਤੀਆਂ, ਉੱਥੇ ਹੀ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਪਾਰਟੀ ਹਾਈ ਕਮਾਨ ਦਾ ਧੰਨਵਾਦ ਕਰਦਿਆਂ ਇਹ ਨਿਯੁਕਤੀ ਹੋਣ 'ਤੇ ਹਰਿਆਊ ਦਾ ਗਰਮ ਜੋਸ਼ੀ ਨਾਲ ਸਵਾਗਤ ਕੀਤਾ ਗਿਆ। ਸਨਮਾਨ ਪ੍ਰਾਪਤ ਕਰਨ ਨੂੰ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਗਮੀਤ ਸਿੰਘ ਹਰਿਆਊ ਨੇ ਦਲ ਦੀ ਸਮੁੱਚੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵਲੋਂ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ ਉਸ ਨੂੰ ਉਹ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਂਦਿਆਂ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨਗੇ। ਇਸ ਮੌਕੇ ਅਕਾਲੀ ਦਲ ਦੇ ਸਰਕਲ ਦਿਹਾਤੀ ਪ੍ਰਧਾਨ ਗੁਰਦੀਪ ਸਿੰਘ ਖਾਂਗ, ਨਿਧਾਨ ਸਿੰਘ ਜੈਖਰ ਸਾਬਕਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਤੇ ਅਕਾਲੀ ਦਲ ਦੇ ਬੁਲਾਰੇ ਅਜੈਬ ਸਿੰਘ ਮੱਲ੍ਹੀ ਨੇ ਕਿਹਾ ਕਿ ਜਗਮੀਤ ਸਿੰਘ ਹਰਿਆਊ ਨੂੰ ਹਲਕਾ ਇੰਚਾਰਜ ਦੀ ਦਿੱਤੀ ਗਈ ਜ਼ਿੰਮੇਵਾਰੀ ਨਾਲ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਦੇ ਹੌਸਲੇ ਬੁਲੰਦ ਹੋਏ ਹਨ। ਇਸ ਮੌਕੇ ਸਾਬਕਾ ਚੇਅਰਮੈਨ ਗੁਰਬਚਨ ਸਿੰਘ ਮੌਲਵੀਵਾਲਾ, ਜੋਗਿੰਦਰ ਸਿੰਘ ਬਾਵਾ, ਜ਼ਿਲ੍ਹਾ ਸਕੱਤਰ ਜਨਰਲ ਲਖਵਿੰਦਰ ਸਿੰਘ, ਜਸਪਾਲ ਸਿੰਘ ਨੂਰਪੁਰ, ਤੇਜਵੀਰ ਸਿੰਘ ਖਾਂਗ, ਬਚਿੱਤਰ ਸਿੰਘ ਹਰਿਆਊ, ਜਸਪਾਲ ਸਿੰਘ ਨੂਰਪੁਰਾ ਸੁਖਜੀਤ ਸਿੰਘ ਬਕਰਾਹਾ, ਜਸਵੰਤ ਸਿੰਘ ਸੰਧੂ, ਦਵਿੰਦਰ ਗੋਗੀ, ਸਾਬਕਾ ਸਰਪੰਚ ਭੁਪਿੰਦਰ ਸਿੰਘ ਸੋਲਵਾਲਾ, ਪਾਲ ਸਿੰਘ ਸਮਰਾ, ਜੋਗਿੰਦਰ ਸਿੰਘ ਭੁੱਲਰ ਤੇ ਬਖ਼ਸ਼ੀਸ਼ ਸਿੰਘ ਭੁੱਲਰ ਆਦਿ ਹਾਜ਼ਰ ਸਨ।

ਪੰਜਾਬੀ ਮਾਹ-2025 ਦਾ ਸਮਾਪਨ ਸਮਾਰੋਹ ਅੱਜ

ਪਟਿਆਲਾ, 27 ਨਵੰਬਰ (ਗੁਰਵਿੰਦਰ ਸਿੰਘ ਔਲਖ)-ਪੰਜਾਬ ਸਰਕਾਰ ਦੀ ਅਗਵਾਈ 'ਚ ਭਾਸ਼ਾ ਵਿਭਾਗ ਪੰਜਾਬ ਵਲੋਂ ਮਨਾਏ ਜਾ ਰਹੇ ਪੰਜਾਬੀ ਮਾਹ-2025 ਦਾ ਸਮਾਪਨ ਸਮਾਰੋਹ 28 ਨਵੰਬਰ ਨੂੰ ਉੱਤਰੀ ਖੇਤਰ ਸੱਭਿਆਚਾਰਕ ਕੇਂਦਰ ਪਟਿਆਲਾ ਦੇ ਕਾਲੀਦਾਸ ਆਡੀਟੋਰੀਅਮ 'ਚ ਕਰਵਾਇਆ ਜਾਵੇਗਾ। ਇਸ ਸੰਬੰਧੀ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਇਸ ਸਮਾਗਮ ਦੌਰਾਨ ਸ਼੍ਰੋਮਣੀ ਹਿੰਦੀ ਸਾਹਿਤਕਾਰ ਮਾਧਵ ਕੌਸ਼ਿਕ ਮੁੱਖ ਮਹਿਮਾਨ ਹੋਣਗੇ ਅਤੇ ਸਮਾਗਮ ਦੀ ਪ੍ਰਧਾਨਗੀ ਸ਼੍ਰੋਮਣੀ ਪੰਜਾਬੀ ਗਿਆਨ ਸਾਹਿਤਕਾਰ ਪ੍ਰੋ. ਨਰਿੰਦਰ ਸਿੰਘ ਕਪੂਰ ਕਰਨਗੇ। ਇਸ ਮੌਕੇ ਹਿੰਦੀ ਅਤੇ ਉਰਦੂ ਦੇ ਸਰਵੋਤਮ ਪੁਸਤਕ ਪੁਰਸਕਾਰ ਵੀ ਪ੍ਰਧਾਨ ਕੀਤੇ ਜਾਣਗੇ। ਇਸ ਸਮਾਗਮ ਦੌਰਾਨ ਉੱਘੇ ਗਾਇਕ ਸੁਨੀਲ ਡੋਗਰਾ ਸਾਹਿਤਕ ਗਾਇਕੀ ਦੀਆਂ ਪੇਸ਼ਕਾਰੀਆਂ ਕਰਨਗੇ। ਇਸ ਮੌਕੇ ਪੁਸਤਕ ਮੇਲਾ ਵੀ ਲਗਾਇਆ ਜਾਵੇਗਾ। ਇਸ ਸਮਾਗਮ ਵਿਚ ਸ਼ਾਮਲ ਹੋਣ ਲਈ ਸਾਹਿਤ ਤੇ ਕਲਾ ਪ੍ਰੇਮੀਆਂ ਨੂੰ ਵਿਭਾਗ ਵਲੋਂ ਖੁੱਲ੍ਹਾ ਸੱਦਾ ਦਿੱਤਾ ਗਿਆ ਹੈ। ਇਸ ਮੌਕੇ ਸਾਲ 2024 'ਚ ਛਪੀਆਂ ਹਿੰਦੀ ਤੇ ਉਰਦੂ ਭਾਸ਼ਾ ਦੀਆਂ ਵੱਖ-ਵੱਖ ਵੰਨਗੀਆਂ ਨਾਲ ਸੰਬੰਧਤ 5 ਸਰਵੋਤਮ ਪੁਸਤਕਾਂ ਨੂੰ ਦਿੱਤੇ ਜਾਣਗੇ। ਹਿੰਦੀ ਦੇ ਪੁਰਸਕਾਰਾਂ ਲਈ ਵੱਖ-ਵੱਖ ਵਿਧਾਵਾਂ ਦੀਆਂ 26 ਕਿਤਾਬਾਂ ਪ੍ਰਾਪਤ ਹੋਈਆਂ ਸਨ। ਜਿਨ੍ਹਾਂ ਤਹਿਤ ਸਰਵੋਤਮ ਹਿੰਦੀ ਪੁਸਤਕ ਪੁਰਸਕਾਰਾਂ ਤਹਿਤ ਗਿਆਨੀ ਸੰਤ ਸਿੰਘ (ਕਵਿਤਾ) ਪੁਰਸਕਾਰ, ਕਮਲ ਪੁਰੀ ਦੀ ਪੁਸਤਕ 'ਚਾਕ ਪਰ ਚੜ੍ਹੇ ਸ਼ਬਦ' ਨੂੰ, ਸੁਦਰਸ਼ਨ ਗਲਪ (ਨਾਵਲ/ਕਹਾਣੀ) ਪੁਰਸਕਾਰ, ਅਨੰਤ ਸ਼ਰਮਾ ਅਨੰਤ ਦੀ ਪੁਸਤਕ 'ਘਰ-ਘਰ ਕੀ ਕਹਾਣੀ' ਨੂੰ, ਇੰਦਰਨਾਥ ਮਦਾਨ (ਆਲੋਚਨਾ/ ਸੰਪਾਦਨ/ ਗਿਆਨ/ ਖੋਜ) ਪੁਰਸਕਾਰ ਡਾ. ਨੀਤੂ ਰਾਣੀ ਦੀ ਪੁਸਤਕ 'ਸ਼੍ਰੀ ਲਾਲ ਸ਼ੁਕਲ ਕੇ ਸਾਹਿਤਯ ਮੇਂ ਰਾਜਨੀਤਿਕ ਚੇਤਨਾ ਕੇ ਸਵਰ' ਨੂੰ, ਬਾਬਾ ਫ਼ਤਹਿ ਸਿੰਘ (ਬਾਲ ਸਾਹਿਤ) ਪੁਰਸਕਾਰ ਸੁਸ਼ੀਲ ਕੁਮਾਰ ਫੁੱਲ ਦੀ ਪੁਸਤਕ 'ਲਲਕਾਰ' ਨੂੰ ਪ੍ਰਦਾਨ ਕੀਤੇ ਜਾਣਗੇ। ਸਰਵੋਤਮ ਉਰਦੂ ਪੁਸਤਕ ਪੁਰਸਕਾਰ ਤਹਿਤ ਹਾਫ਼ਿਜ਼ ਮਹਿਮੂਦ ਸ਼ੀਰਾਨੀ (ਤਨਕੀਦ)-2025, ਡਾ. ਕਹਿਕਸ਼ਾਂ ਫ਼ਲਕ ਦੀ ਪੁਸਤਕ 'ਉਰਦੂ ਅਫ਼ਸਾਨਾ ਔਰ ਪੰਜਾਬ' ਨੂੰ ਪ੍ਰਦਾਨ ਕੀਤਾ ਜਾਵੇਗਾ। ਦੱਸਣਯੋਗ ਹੈ ਕਿ ਭਾਸ਼ਾ ਵਿਭਾਗ ਵਲੋਂ ਇਕ ਨਵੰਬਰ ਨੂੰ ਪੰਜਾਬੀ ਮਾਹ-2025 ਦੇ ਸਮਾਗਮਾਂ ਦੀ ਸ਼ੁਰੂਆਤ ਕੀਤੀ ਸੀ। ਜਿਸ ਦੌਰਾਨ ਗੋਸ਼ਟੀ, ਰਾਜ ਪੱਧਰੀ ਪ੍ਰਸ਼ਨੋਤਰੀ ਮੁਕਾਬਲੇ, ਸਾਹਿਤ ਸਿਰਜਣ ਤੇ ਕਵਿਤਾ ਗਾਇਨ ਮੁਕਾਬਲੇ, ਕਵੀ ਦਰਬਾਰ ਤੇ ਹੋਰ ਸਮਾਗਮ ਕਰਵਾਏ ਜਾ ਚੁੱਕੇ ਹਨ। ਉਦਘਾਟਨੀ ਸਮਾਗਮ ਦੌਰਾਨ ਪੰਜਾਬੀ ਦੇ ਸਰਵੋਤਮ ਪੁਸਤਕ ਪੁਰਸਕਾਰ ਪ੍ਰਦਾਨ ਕੀਤੇ ਗਏ ਸਨ।

ਇਕ ਪ੍ਰੋਗਰਾਮ ਦੌਰਾਨ ਸਾਂਸਦ ਡਾ. ਧਰਮਵੀਰ ਗਾਂਧੀ ਨਾਲ ਗੌਰਵ ਸੰਧੂ। ਅਜੀਤ ਤਸਵੀਰ

ਕਾਂਗਰਸ ਹਾਈਕਮਾਨ ਡਾ. ਗਾਂਧੀ ਨੂੰ ਵਧੀਆ ਅਹੁਦਾ ਸੌਂਪੇ- ਗੌਰਵ ਸੰਧੂ

ਪਟਿਆਲਾ, 27 ਨਵੰਬਰ (ਧਰਮਿੰਦਰ ਸਿੰਘ ਸਿੱਧੂ)-ਆਲ ਇੰਡੀਆ ਕਾਂਗਰਸ ਕਿਸਾਨ ਸੈੱਲ ਦੇ ਜਨਰਲ ਸਕੱਤਰ ਗੁਰਵਿੰਦਰ ਸਿੰਘ ਗੌਰਵ ਸੰਧੂ ਨੇ ਕਿਹਾ ਕਿ ਸਾਂਸਦ ਡਾ. ਧਰਮਵੀਰ ਗਾਂਧੀ ਦੇ ਯਤਨਾਂ ਸਦਕਾ ਜਿਥੇ ਸੂਬੇ ਨੂੰ ਰੇਲਵੇ ਵਿਚ ਵੱਖ-ਵੱਖ ਸਹੂਲਤਾਂ ਮਿਲੀਆਂ ਹਨ, ਉੱਥੇ ਹੀ ਇਸ ਨਾਲ ਸੂਬੇ ਦੇ ਬਹੁਗਿਣਤੀ ਲੋਕਾਂ ਨੂੰ ਹੁਣ ਸਫ਼ਰ ਕਰਨਾ ਆਸਾਨ ਹੋ ਰਿਹਾ ਹੈ। ਗੌਰਵ ਸੰਧੂ ਕਿਹਾ ਕਿ ਡਾ. ਗਾਂਧੀ ਸ਼ੁਰੂ ਤੋਂ ਹੀ ਕਾਂਗਰਸ ਪਾਰਟੀ ਅਤੇ ਲੋਕ ਹਿਤਾਂ ਲਈ ਆਵਾਜ਼ ਉਠਾਉਂਦੇ ਆਏ ਹਨ। ਉਨ੍ਹਾਂ ਕਾਂਗਰਸ ਦੀ ਹਾਈਕਮਾਨ ਨੂੰ ਅਪੀਲ ਕੀਤੀ ਕਿ ਡਾ. ਗਾਂਧੀ ਜਿਹੇ ਆਗੂ ਨੂੰ ਪਾਰਟੀ ਵਿਚ ਅਹਿਮ ਅਹੁਦਾ ਦਿੱਤਾ ਜਾਵੇ ਤਾਂ ਜੋ 2027 ਦੀਆਂ ਚੋਣਾਂ ਵਿਚ ਕਾਂਗਰਸ ਜ